ਪੰਜਾਬ ਸਰਕਾਰ ਵੱਲੋਂ ਸੇਵਾ ਕੇਂਦਰਾਂ ਵਿਚ 5 ਹੋਰ ਸੇਵਾਵਾਂ ਦਾ ਵਾਧਾ-ਡਿਪਟੀ ਕਮਿਸ਼ਨਰ

ਘ ਜ਼ਿਲ੍ਹੇ ਦੇ 98 ਸੇਵਾ ਕੇਂਦਰਾਂ ਵਿੱਚ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਸਰਕਾਰੀ ਸੇਵਾਵਾਂ

ਤਰਨਤਾਰਨ, 29 ਅਗਸਤ :

ਪੰਜਾਬ ਸਰਕਾਰ ਵੱਲੋਂ ਸੇਵਾ ਕੇਂਦਰਾਂ ਵਿੱਚ ਦਿੱਤੀਆਂ ਜਾ ਰਹੀਆਂ ਸੇਵਾਵਾਂ ਵਿੱਚ ਹੋਰ ਵਾਧਾ ਕਰਦਿਆਂ ਹਾਊਸਿੰਗ ਅਤੇ ਅਰਬਨ ਡਿਵੈਲਪਮੈਂਟ ਦੀਆਂ 5 ਹੋਰ ਸੇਵਾਵਾਂ ਸ਼ੁਰੂ ਕੀਤੀਆਂ ਗਈਆਂ ਹਨ, ਜਿਸ ਨਾਲ ਸੇਵਾ ਕੇਂਦਰਾਂ ਰਾਹੀਂ ਮੁਹੱਈਆ ਕਰਵਾਈਆ ਜਾ ਰਹੀਆਂ ਕੁੱਲ ਸੇਵਾਵਾਂ ਦੀ ਗਿਣਤੀ 151 ਹੋ ਗਈ ਹੈ।



ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਦੱਸਿਆ ਕਿ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਹੋਇਆਂ ਸੈਕਸ਼ਨ ਆਫ਼ ਬਿਲਡਿੰਗ ਪਲਾਨਜ਼/ਰੀਵਾਈਜ਼ਡ ਬਿਲਡਿੰਗ ਪਲਾਨਜ਼ (ਰੈਜ਼ੀਡੈਨਸ਼ੀਅਲ), ਸੈਕਸ਼ਨ ਆਫ਼ ਬਿਲਡਿੰਗ ਪਲਾਨਜ਼/ ਰੀਵਾਈਜ਼ਡ ਬਿਲਡਿੰਗ ਪਲਾਨਜ਼ (ਕਮਰਸ਼ੀਅਲ), ਈਸ਼ੂ ਆਫ਼ ਕੰਮਪਲੀਸ਼ਨ/ਅਕੂਪੈਸ਼ਨ ਸਰਟੀਫਿਕੇਟ ਫ਼ਾਰ ਬਿਲਡਿੰਗ, ਈਸ਼ੂ ਆਫ਼ ਨੋ ਅਬਜੈਕਸ਼ਨ ਸਰਟੀਫਿਕੇਟ/ਡੁਪਲੀਕੇਟ ਅਲਾਟਮੈਂਟ/ਰੀ-ਅਲਾਟਮੈਂਟ ਲੈਟਰ ਅਤੇ ਵਾਟਰ ਸਪਲਾਈ ਤੇ ਸੀਵਰੇਜ ਕਨੈਕਸ਼ਨ ਸੇਵਾਵਾਂ ਸ਼ਾਮਿਲ ਕੀਤੀਆਂ ਗਈਆਂ ਹਨ।

ਉਹਨਾਂ ਕਿਹਾ ਕਿ ਰਾਜ ਸਰਕਾਰ ਵੱਲੋਂ ਸੇਵਾ ਕੇਂਦਰਾਂ ਵਿੱਚ ਲੋਕਾਂ ਨੂੰ ਵੱਖ-ਵੱਖ ਸਰਕਾਰੀ ਸੇਵਾਵਾਂ ਘਰਾਂ ਦੇ ਨੇੜੇ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਹਨਾਂ ਦੱਸਿਆ ਕਿ ਇਸ ਸਮੇਂ ਜ਼ਿਲ੍ਹੇ ਵਿੱਚ 98 ਸੇਵਾ ਕੇਂਦਰ ਚੱਲ ਰਹੇ ਹਨ, ਜਿੱਥੇ ਲੋਕਾਂ ਨੂੰ ਸਰਕਾਰੀ ਸੇਵਾਵਾਂ ਸਮੇਂ ਸਿਰ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

------------